# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 02-12-2024**

ਉੱਤਰ ਪ੍ਰਦੇਸ਼ ਦੇ ਸੰਭਲ ਵਿੱਚ ਇੱਕ ਪ੍ਰਮੁੱਖ ਵਪਾਰਕ ਸਮੂਹ ਵਿਰੁੱਧ ਕਥਿਤ ਰਿਸ਼ਵਤਖੋਰੀ ਦੇ ਦੋਸ਼ਾਂ ਅਤੇ ਹਿੰਸਾ ਸਮੇਤ ਵੱਖ-ਵੱਖ ਮੁੱਦਿਆਂ ਨੂੰ ਲੈ ਕੇ ਵਿਰੋਧੀ ਧਿਰ ਦੇ ਲਗਾਤਾਰ ਹੰਗਾਮੇ ਕਾਰਨ ਸੰਸਦ ਦੇ ਦੋਵੇਂ ਸਦਨਾਂ ਅੱਜ ਲਗਾਤਾਰ ਪੰਜਵੇਂ ਦਿਨ ਵੀ ਕੋਈ  ਕੰਮਕਾਜ ਨਹੀਂ ਕਰ ਸਕੇ।ਲੋਕ ਸਭਾ ਅਤੇ ਰਾਜ ਸਭਾ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ ਏ।

---------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਨਵੇਂ ਚੁਣੇ ਆਮ ਆਦਮੀ ਪਾਰਟੀ ਦੇ ਤਿੰਨ ਵਿਧਾਇਕਾਂ ਨੂੰ ਸਹੁੰ ਚੁਕਾਈ । ਸਮਾਗਮ ਦੌਰਾਨ ਚੱਬੇਵਾਲ ਤੋਂ ਇਸ਼ਾਂਕ ਚੱਬੇਵਾਲ, ਡੇਰਾ ਬਾਬਾ ਨਾਨਕ ਤੋਂ ਗੁਰਦੀਪ ਸਿੰਘ ਰੰਧਾਵਾ ਅਤੇ ਗਿੱਦੜਬਾਹਾ ਵਿਧਾਨ ਸਭਾ ਹਲਕੇ ਤੋਂ

ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਅਹੁਦੇ ਦੀ ਸਹੁੰ ਚੁੱਕੀ। ਬਰਨਾਲਾ ਤੋਂ ਨਵੇਂ ਚੁਣੇ ਕਾਂਗਰਸੀ ਵਿਧਾਇਕ ਕੁਲਦੀਪ ਸਿੰਘ ਢਿੱਲੋਂ ਸਹੁੰ ਚੁੱਕ ਸਮਾਗਮ ਵਿੱਚ ਹਾਜ਼ਰ ਨਹੀਂ ਹੋਏ। ਸਮਾਗਮ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਵੀ ਹਾਜ਼ਰ ਰਹੇ।

---------------------------------------------------------

ਪੰਜਾਬ ਕੇਂਦਰੀ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾਰੀ ਨੂੰ ਪੰਜਾਬ ਕਲਾ ਸਾਹਿਤ ਅਕਾਦਮੀ ਦੁਆਰਾ 28ਵੇਂ ਸਾਲਾਨਾ ਅਕਾਦਮੀ ਸਨਮਾਨ ਸਮਾਰੋਹ ਵਿੱਚ "ਰਾਸ਼ਟਰੀ ਸਿੱਖਿਆ ਰਤਨ ਸਨਮਾਨ" ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਉਨ੍ਹਾਂ ਨੂੰ ਚਾਰ ਦਹਾਕਿਆਂ ਤੋਂ ਵੱਧ ਸਮੇਂ ਤੋਂ ਸਿੱਖਿਆ ਦੇ ਖੇਤਰ ਵਿੱਚ ਪਾਏ ਗਏ ਸ਼ਾਨਦਾਰ ਯੋਗਦਾਨ ਅਤੇ ਸਮਰਪਣ ਲਈ ਦਿੱਤਾ ਗਿਆ ਏ। ਇਹ ਐਵਾਰਡ ਪੰਜਾਬ ਪ੍ਰੈੱਸ ਕਲੱਬ ਜਲੰਧਰ ਵਿਖੇ ਕਰਵਾਏ ਗਏ ਸਮਾਰੋਹ ਵਿਚ ਪੰਜਾਬ ਕਲਾ ਸਾਹਿਤ ਅਕਾਦਮੀ ਦੇ ਪ੍ਰਧਾਨ ਡਾ. ਸਿਮਰ ਸਦੋਸ਼ ਵੱਲੋਂ ਦਿਤਾ ਗਿਆ। ਇਸ ਮੌਕੇ ਹੋਰਨਾਂ ਤੋਂ ਅਲਾਵਾ

ਅਕਾਦਮੀ ਦੇ ਸੰਸਥਾਪਕ ਡਾਇਰੈਕਟਰ ਡਾ. ਜਗਦੀਪ ਸਿੰਘ , ਪੰਜਾਬ ਦੇ ਸਾਬਕਾ ਮੰਤਰੀ ਸ੍ਰੀ ਮਨੋਰੰਜਨ ਕਾਲੀਆ , ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਦੇ ਓ.ਐੱਸ.ਡੀ. ਪ੍ਰੋ. ਕਮਲੇਸ਼ ਦੁੱਗਲ ਅਤੇ ਹੋਰ ਵਿਸ਼ੇਸ਼ ਮਹਿਮਾਨ ਹਾਜ਼ਰ ਰਹੇ। ਇਸ ਮੌਕੇ ਪੰਜਾਬ ਕਲਾ ਸਾਹਿਤ ਅਕਾਦਮੀ ਦੇ ਡਾਇਰੈਕਟਰ ਡਾ. ਨਿਧੀ ਸ਼ਰਮਾ ਨੇ ਦੱਸਿਆ ਕਿ ਅਗਸਤ 2020 ਵਿੱਚ ਪੰਜਾਬ ਕੇਂਦਰੀ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਵਜੋਂ ਪ੍ਰੋ. ਤਿਵਾਰੀ ਦੀ ਆਮਦ ਯੂਨੀਵਰਸਿਟੀ ਲਈ ਹੀ ਨਹੀਂ, ਸਗੋਂ ਪੰਜਾਬ ਰਾਜ ਲਈ ਵੀ ਲਾਹੇਵੰਦ ਸਾਬਤ ਹੋਈ ਕਿਉਂਕਿ ਉਨ੍ਹਾਂ ਨੇ ਨਾ ਸਿਰਫ਼ ਸਿੱਖਿਆ ਅਤੇ ਖੋਜ ਦੇ ਖੇਤਰ ਵਿੱਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਪੰਜਾਬ ਦੀ ਨੁਮਾਇੰਦਗੀ ਕੀਤੀ, ਸਗੋਂ ਪੰਜਾਬੀ ਭਾਸ਼ਾ, ਸਭਿਆਚਾਰ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਦੇ ਪ੍ਰਚਾਰ-ਪ੍ਰਸਾਰ ਵਿੱਚ ਵੀ ਵਡਮੁੱਲਾ ਯੋਗਦਾਨ ਪਾਇਆ ਏ "ਰਾਸ਼ਟਰੀ ਸਿੱਖਿਆ ਰਤਨ ਐਵਾਰਡ" ਪ੍ਰਾਪਤ ਕਰਨ ਤੋਂ ਬਾਅਦ ਪ੍ਰੋ. ਤਿਵਾਰੀ ਨੇ ਪੰਜਾਬ ਕਲਾ ਸਾਹਿਤ ਅਕਾਦਮੀ ਦਾ ਧੰਨਵਾਦ ਕੀਤਾ ਤੇ ਨੌਜਵਾਨਾਂ ਦੇ ਸਸ਼ਕਤੀਕਰਨ ਅਤੇ ਪੰਜਾਬ ਕੇਂਦਰੀ ਯੂਨੀਵਰਸਿਟੀ ਨੂੰ

ਵਿਸ਼ਵ ਪੱਧਰੀ ਸਿੱਖਿਆ ਕੇਂਦਰ ਵਜੋਂ ਵਿਕਸਤ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ।

-------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਵਿਜ਼ਨ ਇੰਡੀਆ - 2047 ਨੂੰ ਸਮਰਪਿਤ 'ਵਿਸਟਾ-2024' ਦਾ ਆਯੋਜਨ ਕਪੂਰਥਲਾ ਵਿੱਖੇ ਹਿੰਦੂ ਕੰਨਿਆ ਕਾਲਜੀਏਟ ਸਕੂਲ ਵਲੋਂ ਨਹਿਰੂ ਯੁਵਾ ਕੇਂਦਰ ਕਪੂਰਥਲਾ ਦੇ ਸਹਿਯੋਗ ਨਾਲ 20 ਦਸੰਬਰ ਨੂੰ ਕਰਵਾਇਆ ਜਾ ਰਿਹਾ ਏ। ਹਿੰਦੂ ਕੰਨਿਆ ਕਾਲਜ ਦੇ ਪ੍ਰਿੰਸੀਪਲ ਡਾ. ਅਰਚਨਾ ਗਰਗ ਨੇ ਦੱਸਿਆ ਕਿ ਇਸ ਮੈਗਾ ਈਵੇਂਟ ਵਿੱਚ 11 ਮੁਕਾਬਲੇ ਕਰਵਾਏ ਜਾ ਰਹੇ ਨੇ ਜਿਨ੍ਹਾਂ ਵਿੱਚ ਸਕੂਲ, ਕਾਲਜ, ਕਲੱਬ ਅਤੇ ਸ਼ਹਿਰ ਵਾਸੀ ਜੋ ਕਿ 15 ਸਾਲ ਤੋਂ 29 ਸਾਲ ਦੀ ਉਮਰ ਦੇ ਨੇ , ਹਿੱਸਾ ਲੈ ਸਕਦੇ ਨੇ। ਉਹਨਾਂ ਇੱਹ ਵੀ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਬਾਰੇ ਸਾਰੀ ਜਾਣਕਾਰੀ ਅਤੇ ਰਜਿਸਟ੍ਰੇਸ਼ਨ ਫਾਰਮ ਕਾਲਜ ਦੀ ਵੈਬਸਾਈਟ ਤੇ ਪਾ ਦਿੱਤਾ ਗਿਆ ਏ ਜਿਸ ਦਾ ਲਿੰਕ 18 ਦਸੰਬਰ ਤੱਕ ਖੁੱਲਾ ਰਹੇਗਾ। ਨਹਿਰੂ ਯੁਵਾ ਕੇਂਦਰ ਦੇ ਜ਼ਿਲਾ ਯੂਥ ਅਧਿਕਾਰੀ ਸ੍ਰੀਮਤੀ ਗਗਨਦੀਪ ਕੌਰ ਨੇ ਦੱਸਿਆ ਕਿ

ਇਹ ਪ੍ਰੋਗ੍ਰਾਮ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਯੁਵਾ-ਸ਼ਕਤੀ ਵਿਕਾਸ ਨੂੰ ਲੈ ਕੇ ਉਲੀਕੇ ਗਏ ਪ੍ਰੋਗ੍ਰਾਮ ਇੰਡੀਆ-2047 ਨੂੰ ਸਮਰਪਿਤ ਨੇ ਅਤੇ ਇਸ ਦੇ ਮੁਕਾਬਲਿਆਂ ਦਾ ਵਿਸ਼ਾ ਆਜ਼ਾਦੀ ਦਿਹਾੜੇ ਤੇ ਪ੍ਰਧਾਨ ਮੰਤਰੀ ਵੱਲੋਂ ਲਾਲ ਕਿਲੇ ਤੋਂ ਆਪਣੇ ਭਾਸ਼ਣ ਵਿੱਚ ਦਿੱਤੇ ਪੰਜ ਵਚਨਾਂ ਦੇ ਆਧਰਿਤ ਨੇ। ਉਹਨਾਂ ਦੱਸਿਆ ਕਿ ਇਸ ਮੈਗਾ ਈਵੈਂਟ ਵਿੱਚ ਸਰਕਾਰ ਵੱਲੋਂ ਕਈ ਤਰਾਂ ਦੇ ਨਕਦ ਇਨਾਮ ਦਿੱਤੇ ਜਾਣਗੇ ਅਤੇ ਜੇਤੂਆਂ ਨੂੰ ਰਾਜ ਪੱਧਰ ਅਤੇ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਹਿੱਸਾ ਲੈਣ ਦਾ ਮੌਕਾ ਦਿੱਤਾ ਜਾਵੇਗਾ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੁਧਿਆਣਾ ਵਿਖੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਚ ਅੰਤਰ ਜ਼ੋਨਲ ਯੁਵਕ ਮੇਲੇ ਦੌਰਾਨ ਕਿਹਾ ਕਿ ਨੌਜਵਾਨਾਂ ਵਿੱਚ ਹਰ ਖੇਤਰ ਵਿੱਚ ਮੱਲਾਂ ਮਾਰਨ ਦੇ ਗੁਣ ਹੁੰਦੇ ਨੇ ਅਤੇ ਇਨ੍ਹਾਂ ਦੀਆਂ ਯੋਗਤਾਵਾਂ ਦੀ ਸਹੀ ਵਰਤੋਂ ਕੀਤੀ ਜਾਣੀ ਚਾਹੀਦੀ

ਏ। ਉਨ੍ਹਾਂ ਕਿਹਾ ਕਿ ਵਿਦਿਆਰਥੀ ਅਤੇ ਨੌਜਵਾਨ ਜਹਾਜ਼ਾਂ ਦੀ ਤਰ੍ਹਾਂ ਨੇ ਅਤੇ ਸੂਬਾ ਸਰਕਾਰ ਉਨ੍ਹਾਂ ਨੂੰ ਜ਼ਿੰਦਗੀ ਵਿਚ ਅੱਗੇ ਵਧਣ ਲਈ ਲਾਂਚਪੈਡ ਮੁਹੱਈਆ ਕਰਵਾਏਗੀ। ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਦੇ ਵਿਚਾਰਾਂ ਨੂੰ ਖੰਭ ਦੇਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਨੇ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸਮਾਜ ਵਿੱਚ ਆਪਣੀ ਵੱਖਰੀ ਪਛਾਣ ਬਣਾਉਣ ਲਈ ਹਰ ਸੰਭਵ ਯਤਨ ਕਰਨ। ਮੁੱਖ ਮੰਤਰੀ ਨੇ ਕਿਹਾ ਕਿ ਪੀ.ਏ.ਯੂ. ਵਿਚ ਆਉਣਾ ਉਨ੍ਹਾਂ ਲਈ ਬਹੁਤ ਮਾਣ ਵਾਲੀ ਗੱਲ ਹੈ ਕਿਉਂਕਿ ਉਹ ਵੀ ਅਜਿਹੇ ਯੁਵਕ ਮੇਲਿਆਂ ਦੀ ਪੈਦਾਇਸ਼ ਨੇ। ਯੁਵਕ ਮੇਲੇ ਨੌਜਵਾਨਾਂ ਦੀ ਸਮੁੱਚੀ ਸ਼ਖ਼ਸੀਅਤ ਨੂੰ ਨਿਖਾਰਨ ਲਈ ਮੰਚ ਵਜੋਂ ਕੰਮ ਕਰਦੇ ਨੇ।

---------------------------------------------------

ਫੌਜ , ਨੀਮ ਫੌਜੀ ਬਲਾਂ ਅਤੇ ਪੁਲਿਸ ਵਿੱਚ ਭਰਤੀ ਹੋਣ ਲਈ ਪ੍ਰੇਰਿਤ ਕਰਨ ਦੇ ਨਾਲ - ਨਾਲ ਨਸ਼ਿਆਂ ਖਿਲਾਫ ਨੌਜਵਾਨਾਂ ਨੂੰ ਜਾਗਰੂਕ ਕਰਨ ਅਤੇ ਸਾਈਕਲ ਚਲਾ ਕੇ ਤੰਦਰੁਸਤੀ ਦਾ ਸੁਨੇਹਾ ਦੇਣ ਦੇ ਮਕਸਦ ਦੇ

ਨਾਲ 23 ਪੰਜਾਬ ਬਟਾਲੀਅਨ ਵੱਲੋਂ 25 ਨਵੰਬਰ ਨੂੰ ਰੂਪਨਗਰ ਤੋਂ ਸ਼ੁਰੂ ਹੋਈ ਸਾਈਕਲ ਰੈਲੀ ਸੰਗਰੂਰ, ਪਟਿਆਲਾ, ਲੁਧਿਆਣਾ, ਜਲੰਧਰ ਅਤੇ ਨਵਾਂ ਸ਼ਹਿਰ ਜ਼ਿਲ੍ਹਿਆਂ ਵਿੱਚੋਂ ਹੁੰਦੀ ਹੋਈ ਅੱਜ ਐਨਸੀਸੀ ਅਕੈਡਮੀ ਰੂਪਨਗਰ ਵਿਖੇ ਸੰਪੰਨ ਹੋਈ । ਚੀਫ ਅਫਸਰ ਰਣਜੀਤ ਸਿੰਘ ਦੀ ਅਗਵਾਹੀ ਦੇ ਵਿੱਚ ਇਸ ਸਾਈਕਲ ਰੈਲੀ ਦੀ ਸਮਾਪਤੀ ਮੌਕੇ ਐਨ.ਸੀ.ਸੀ. ਅਕੈਡਮੀ ਰੂਪਨਗਰ ਵਿਖੇ ਅਕੈਡਮੀ ਦੇ ਕਮਾਂਡਿੰਗ ਅਫਸਰ ਕਰਨਲ ਟੀ.ਵਾਈ.ਐਸ. ਬੇਦੀ ਅਤੇ ਐਡਮਿਨਿਸਟ੍ਰੇਸ਼ਨ ਆਫਿਸਰ ਕਰਨਲ ਆਰ.ਕੇ. ਚੌਧਰੀ ਵੱਲੋਂ ਸਵਾਗਤ ਕੀਤਾ ਗਿਆ । ਇਸ ਸਾਈਕਲ ਰੈਲੀ ਦੇ ਵਿੱਚ ਚੀਫ ਅਫਸਰ ਤੋਂ ਇਲਾਵਾ 23 ਪੰਜਾਬ ਬਟਾਲੀਅਨ ਦੇ 17 ਸਾਈਕਲ ਸਵਾਰ ਨੌਜਵਾਨ ਮੁੰਡੇ ਕੁੜੀਆਂ ਸ਼ਾਮਿਲ ਸਨ ਤੇ ਰੈਲੀ ਨੇ 462 ਕਿਲੋਮੀਟਰ ਦਾ ਸਫਰ ਤੈਅ ਕੀਤਾ ਏ । ਕਮਾਂਡਿੰਗ ਅਫਸਰ ਬੇਦੀ ਨੇ ਰੈਲੀ ਵਿੱਚ ਸ਼ਾਮਿਲ ਨੌਜਵਾਨਾਂ ਨੂੰ ਸਨਮਾਨਿਤ ਕੀਤਾ ਅਤੇ ਦੱਸਿਆ ਕਿ ਨੌਜਵਾਨਾਂ ਨੂੰ ਵੱਧ ਤੋਂ ਵੱਧ ਫੌਜ ਨੀਮ ਫੌਜੀ ਬੱਲ ਅਤੇ ਪੁਲਿਸ ਦੇ ਵਿੱਚ ਭਰਤੀ ਹੋਣ ਲਈ ਪ੍ਰੇਰਿਤ ਕੀਤਾ ਗਿਆ ਏ ।